## VIGILANCE BUREAU PUNJAB

# Vigilance nabs ASI for taking bribe Rs. 5,000

Chandigarh, June 12: Punjab Vigilance Bureau, nabbed an Assistant Sub Inspector (ASI) posted at Bhikhiwind Police Station, Tarn Taran district red handed while accepting bribe of Rs 5,000.

Disclosing this here an official spokesperson of the Vigilance Bureau said ASI Surinder Kumar was nabbed red handed on the complaint of Balwinder Singh of village Marri Udoke, Tarn Taran district. The complainant has approached the VB and alleged that the accused ASI was demanding Rs 15,000 to help him in a police case and submit challan against the second party. He informed that the deal was struck at Rs. 10,000 out of which he had already paid Rs. 5,000 to the accused ASI.

After verifying his information, the vigilance team laid a trap and the accused ASI was arrested on the spot while taking bribe of Rs. 5,000 of second instalment from the complainant in the presence of two official witnesses.

He informed that a case under Prevention of Corruption Act has been registered against the accused VB police station Amritsar and further investigation was under progress.

----------

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਨੇ ਰਿਸ਼ਵਤ ਲੈਂਦਾ ਛੋਟਾ ਥਾਣੇਦਾਰ ਰੰਗੇ ਹੱਥੀਂ ਦਬੋਚਿਆ**

ਚੰਡੀਗੜ੍ਹ, 12 ਜੂਨਃ ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਥਾਣਾ ਭਿੱਖੀਵਿੰਡ, ਤਰਨਤਾਰਨ ਵਿਖੇ ਤਾਇਨਾਤ ਏ.ਐਸ.ਆਈ. ਸੁਰਿੰਦਰ ਕੁਮਾਰ ਨੂੰ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ ਨੂੰ ਸ਼ਿਕਾਇਤਕਰਤਾ ਬਲਵਿੰਦਰ ਸਿੰਘ ਵਾਸੀ ਪਿੰਡ ਮਾੜੀ ਉਦੋਕੇ, ਜਿਲਾ ਤਰਨਤਾਰਨ ਦੀ ਸ਼ਿਕਾਇਤ 'ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਪੁਲਿਸ ਕੇਸ ਵਿਚ ਸ਼ਾਮਲ ਵਿਰੋਧੀ ਧਿਰ ਖਿਲਾਫ਼ ਅਦਾਲਤ ਵਿਚ ਚਲਾਨ ਪੇਸ਼ ਕਰਨ ਅਤੇ ਇਸ ਕੇਸ ਵਿਚ ਉਸ ਦੀ ਮੱਦਦ ਕਰਨ ਬਦਲੇ ਏ.ਐਸ.ਆਈ ਵੱਲੋਂ 15,000 ਰੁਪਏ ਦੀ ਮੰਗ ਕੀਤੀ ਗਈ ਪਰ ਸੌਦਾ 10,000 ਰੁਪਏ ਵਿਚ ਤੈਅ ਹੋਇਆ ਹੈ। ਉਸ ਨੇ ਦੱਸਿਆ ਕਿ ਉਹ ਉਕਤ ਏ.ਐਸ.ਆਈ ਨੂੰ ਪਹਿਲੀ ਕਿਸ਼ਤ ਵਜੋਂ 5,000 ਰੁਪਏ ਪਹਿਲਾਂ ਹੀ ਅਦਾ ਕਰ ਚੁੱਕਾ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 8,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ 'ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਫਿਰੋਜਪੁਰ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

-----